ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ

ਝੋਨੇ ਦੀ ਸਿੱਧੀ ਬਿਜਾਈ ਲਈ ਕਿਸਾਨਾਂ ਵਿੱਚ ਉਤਸ਼ਾਹ: ਡਾ. ਬਲਦੇਵ ਸਿੰਘ

* ਮੁੱਖ ਖੇਤੀਬਾੜੀ ਅਫਸਰ ਵੱਲੋਂ ਕਿਸਾਨਾਂ ਨੂੰ ਖੇਤੀ ਸਲਾਹ
* ਉੱਘੀ ਝੋਨੇ ਦੀ ਫਸਲ ਨੂੰ 21 ਦਿਨਾਂ ਬਾਅਦ ਲਾਇਆ ਜਾਵੇ ਪਹਿਲਾ ਪਾਣੀ

ਬਰਨਾਲਾ, 4 ਜੂਨ
ਝੋਨੇ ਦੀ ਸਿੱਧੀ ਬਿਜਾਈ ਕਰਨੀ ਕਿਰਸਾਨੀ ਲਈ ਬਹੁਤ ਹੀ ਲਾਹੇਵੰਦ ਹੈ। ਇਹ ਪ੍ਰਗਟਾਵਾ ਕਰਦੇ ਹੋਏ ਮੁੱਖ ਖੇਤੀਬਾੜੀ ਅਫਸਰ ਬਰਨਾਲਾ ਡਾ. ਬਲਦੇਵ ਸਿੰਘ ਨੇ ਕਿਹਾ ਕਿ ਇਸ ਸਮੇਂ ਕਰੋਨਾ ਸੰਕਟ ਕਾਰਨ ਝੋਨੇ ਦੀ ਲਵਾਈ ਲਈ ਲੇਬਰ ਦੀ ਘਾਟ ਦੀ ਸਮੱਸਿਆ ਹੈ। ਇਸ ਲਈ ਕਿਸਾਨ ਝੋਨੇ ਦੀ ਸਿੱਧੀ ਬਿਜਾਈ ਨੂੰ ਤਰਜੀਹ ਦੇ ਰਹੇ ਹਨ।

ਉਨ੍ਹਾਂ ਕਿਹਾ ਕਿ ਝੋਨੇ ਦੀ ਸਿੱਧੀ ਬਿਜਾਈ ਕਿਸਾਨਾਂ ਨੂੰ 30 ਜੂਨ ਤੱਕ ਕਰ ਲੈਣੀ ਚਾਹੀਦੀ ਹੈ। ਇਸ ਬਾਬਤ ਜ਼ਮੀਨ ਨੂੰ ਤਿਆਰ ਕਰਕੇ ਥੋੜਾ ਗਿੱਲਾ ਬੱਤਰ 'ਤੇ ਹੀ ਬਿਜਾਈ ਕਰਨੀ ਚਾਹੀਦੀ ਹੈ। ਬਿਜਾਈ ਕਰਦੇ ਸਮੇਂ 8 ਤੋਂ 10 ਕਿਲੋ ਬੀਜ ਪ੍ਰਤੀ ਏਕੜ ਪਾਉਣਾ ਚਾਹੀਦਾ ਹੈ। ਬਿਜਾਈ ਤੋਂ ਬਾਅਦ 24 ਤੋਂ ਲੈ ਕੇ 36 ਘੰਟੇ ਦੇ ਅੰਦਰ ਸਟੰਪ ਨਾਂ ਦੀ ਦਵਾਈ ਦਾ ਛਿੜਕਾਅ ਕਰ ਦੇਣਾ ਚਾਹੀਦਾ ਹੈ ਤਾਂ ਜੋ ਉੱਗਣ ਵਾਲੇ ਨਦੀਨਾਂ ਤੋਂ ਬਚਿਆ ਜਾ ਸਕੇ। ਉਨ੍ਹਾਂ ਕਿਹਾ ਕਿ ਉੱਘੀ ਹੋਈ ਝੋਨੇ ਦੀ ਫਸਲ ਨੂੰ ਪਹਿਲਾ ਪਾਣੀ 21 ਦਿਨ ਤੋਂ ਬਾਅਦ ਲਾਉਣਾ ਚਾਹੀਦਾ ਹੈ। ਉਸ ਤੋਂ ਅਗਲੇ ਪਾਣੀ 8 ਤੋਂ 10 ਦਿਨਾਂ ਦੇ ਵਕਫੇ ਨਾਲ ਲਾਉਣੇ ਚਾਹੀਦੇ ਹਨ। ਖਾਦ ਪਾਉਣ ਸਬੰਧੀ ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ 10 ਕਿਲੋ ਜ਼ਿੰਕ ਪ੍ਰਤੀ ਏਕੜ ਜ਼ਮੀਨ ਦੀ ਤਿਆਰੀ ਕਰਨ ਸਮੇਂ ਪਾਉਣੀ ਚਾਹੀਦੀ ਹੈ। 110 ਕਿਲੋ ਯੂਰੀਆ ਪ੍ਰਤੀ ਏਕੜ ਦੋ ਤਿੰਨ-ਵਾਰੀ ਪਾਉਣੀ ਚਾਹੀਦੀ ਹੈ ਅਤੇ ਸਪਰੇਅ ਲੋੜ ਅਨੁਸਾਰ ਹੀ ਕਰਨੀ ਚਾਹੀਦੀ ਹੈ।

ਉਨ੍ਹਾਂ ਕਿਹਾ ਕਿ ਝੋਨੇ ਦੀ ਫਸਲ 121 ਦਿਨਾਂ ਤੋਂ ਲੈ ਕੇ 145 ਦਿਨਾਂ ਤਕ ਪੱਕ ਜਾਂਦੀ ਹੈ। ਸਿੱਧੀ ਬਿਜਾਈ ਕਰਨ ਨਾਲ ਇੱਕ ਤਾਂ ਪਾਣੀ ਦੀ ਬਚਤ ਹੁੰਦੀ ਹੈ, ਦੂਜੀ ਲੇਬਰ ਦੀ ਸਮੱਸਿਆ ਹੱਲ ਹੁੰਦੀ ਹੈ ਅਤੇ ਪਨੀਰੀ ਉਗਾਉਣ ਵਾਲੇ ਵਾਧੂ ਸਮੇਂ ਦੀ ਬੱਚਤ ਹੁੰਦੀ ਹੈ।

ਇਸ ਦੌਰਾਨ ਮੁੱਖ ਖੇਤੀਬਾੜੀ ਅਫਸਰ ਨੇ ਕਿਸਾਨ ਅਵਤਾਰ ਸਿੰਘ ਪਿੰਡ ਕਾਹਨੇਕੇ ਦੇ ਖੇਤ ਦਾ ਦੌਰਾ ਕੀਤਾ, ਜਿਸ ਨੇ 30 ਏਕੜ ਰਕਬੇ ਵਿੱਚ ਝੋਨੇ ਦੀ ਸਿੱਧੀ ਬਿਜਾਈ ਕੀਤੀ ਹੈ। ਉਨ੍ਹਾਂ ਦੱਸਿਆ ਕਿ ਇਸ ਸਾਲ ਬਹੁਤ ਕਿਸਾਨ ਝੋਨੇ ਦੀ ਸਿੱਧੀ ਬਿਜਾਈ ਕਰ ਰਹੇ ਹਨ, ਜਿਸ ਨਾਲ ਬਹੁਤਾ ਰਕਬਾ ਝੋਨੇ ਦੀ ਸਿੱਧੀ ਬਿਜਾਈ ਹੇਠ ਆਉਣ ਦੀ ਸੰਭਾਵਨਾ ਹੈ, ਜੋ ਸ਼ੁੱਭ ਸ਼ਗਨ ਹੈ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ

--------ਮਿਸ਼ਨ ਫਤਿਹ ----------
ਕੋਰੋਨਾ ਸੰਕਟ ਦੌਰਾਨ ਲੇਬਰ ਨੂੰ ਕੋਈ ਦਿੱਕਤ ਪੇਸ਼ ਨਾ ਆਉਣ ਦਿੱਤੀ ਜਾਵੇ: ਤੇਜ ਪ੍ਰਤਾਪ ਸਿੰਘ ਫੂਲਕਾ
* ਡਿਪਟੀ ਕਮਿਸ਼ਨਰ ਦੀ ਪ੍ਰਧਾਨਗੀ ਹੇਠ ਇੰਡਸਟਰੀਅਲ ਚੈਂਬਰ ਦੀ ਅਹਿਮ ਮੀਟਿੰਗ
* ਕੋਰੋਨਾ ਸੰਕਟ ਦੌਰਾਨ ਜ਼ਰੂਰੀ ਇਹਤਿਆਤਾਂ ਅਤੇ ਸਨਅਤਕਾਰਾਂ ਦੀਆਂ ਮੰਗਾਂ 'ਤੇ ਵਿਚਾਰਾਂ

ਬਰਨਾਲਾ, 4 ਜੂਨ
ਪੰਜਾਬ ਸਰਕਾਰ ਵੱਲੋਂ ਕਰੋਨਾ ਸੰਕਟ ਵਿਰੁੱਧ ਵਿੱਢੀ ਮੁਹਿੰਮ 'ਮਿਸ਼ਨ ਫਤਿਹ' ਤਹਿਤ ਅੱਜ ਜੀਐਮਡੀਆਈਸੀ ਦੇ ਸਹਿਯੋਗ ਨਾਲ ਬਰਨਾਲਾ ਜ਼ਿਲ੍ਹਾ ਇੰਡਸਟਰੀਅਲ ਚੈਂਬਰ ਦੀ ਅਹਿਮ ਮੀਟਿੰਗ ਡਿਪਟੀ ਕਮਿਸ਼ਨਰ ਬਰਨਾਲਾ ਸ. ਤੇਜ ਪ੍ਰਤਾਪ ਸਿੰਘ ਫੂਲਕਾ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿਚ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਆਦਿਤਯ ਡੇਚਲਵਾਲ ਵੀ ਮੌਜੂਦ ਰਹੇ। ਮੀਟਿੰਗ ਦੌਰਾਨ ਕੋਰੋਨਾ ਸੰਕਟ ਦੌਰਾਨ ਸਨਅਤੀ ਇਕਾਈਆਂ ਅਤੇ ਸਨਅਤਕਾਰਾਂ ਦੀਆਂ ਮੰਗਾਂ, ਮੁਸ਼ਕਲਾਂ ਅਤੇ ਸਰਕਾਰ ਦੀਆਂ ਉਦਯੋਗ ਪੱਖੀ ਸਕੀਮਾਂ 'ਤੇ ਚਰਚਾ ਕੀਤੀ ਗਈ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਆਖਿਆ ਕਿ ਕਰੋਨਾ ਦੇ ਸੰਕਟ ਦੌਰਾਨ ਸਨਅਤੀ ਇਕਾਈਆਂ ਦੇ ਕੰਮ ਦੀ ਬਹਾਲੀ ਬੇਹੱਦ ਜ਼ਰੂਰੀ ਹੈ ਤਾਂ ਜੋ ਕਾਮਿਆਂ ਨੂੰ ਰੋਜ਼ਗਾਰ ਤੋਂ ਵਾਂਝੇ ਨਾ ਹੋਣਾ ਪਵੇ ਅਤੇ ਸੂਬੇ ਦੀ ਆਰਥਿਕਤਾ ਨੂੰ ਵੀ ਹੁਲਾਰਾ ਮਿਲੇ, ਪਰ ਇਸ ਸਮੇਂ ਦੌਰਾਨ ਜ਼ਰੂਰੀ ਇਹਤਿਆਤਾਂ ਦੀ ਪਾਲਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਆਖਿਆ ਕਿ ਸਨਅਤੀ ਇਕਾਈਆਂ ਵੱਲੋਂ ਕਰੋਨਾ ਸੰਕਟ ਦੌਰਾਨ ਸਾਰੀ ਲੇਬਰ ਖਾਸ ਕਰਕੇ ਪਰਵਾਸੀ ਮਜ਼ਦੂਰਾਂ ਦਾ ਖਾਸ ਧਿਆਨ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਜਿਹੜੀ ਬਾਹਰਲੀ ਲੇਬਰ ਆਉਣਾ ਚਾਹੁੰਦੀ ਹੈ, ਉਸ ਬਾਰੇ ਜ਼ਿਲ੍ਹਾ ਪ੍ਰਸ਼ਾਸਨ ਨਾਲ ਰਾਬਤਾ ਬਣਾਇਆ ਜਾਵੇ ਤਾਂ ਜੋ ਲੇਬਰ ਨੂੰ ਲਿਆਉਣ ਦੇ ਪੁਖਤਾ ਪ੍ਰਬੰਧ ਕੀਤੇ ਜਾ ਸਕਣ। ਉਨ੍ਹਾਂ ਸਨਅਤੀ ਇਕਾਈਆਂ/ਫੈਕਟਰੀਆਂ ਮਾਲਕਾਂ ਨੂੰ ਆਖਿਆ ਕਿ ਲੇਬਰ ਸਨਅਤੀ ਇਕਾਈਆਂ ਦੀ ਰੂਹ ਹੈ, ਇਸ ਲਈ ਪਰਵਾਸੀ ਮਜ਼ਦੂਰਾਂ ਦਾ ਇਸ ਕਰੋਨਾ ਸੰਕਟ ਦੀ ਘੜੀ ਵਿਚ ਖਾਸ ਖਿਆਲ ਰੱਖਿਆ ਜਾਵੇ। ਉਨ੍ਹਾਂ ਨੂੰ ਖਾਣ-ਪੀਣ ਜਾਂ ਰਹਿਣ ਸਹਿਣ ਤੇ ਹੋਰ ਸਹੂਲਤਾਂ ਦੀ ਦਿੱਕਤ ਨਾ ਆਉਣ ਦਿੱਤੀ ਜਾਵੇ। ਇਸ ਤੋਂ ਇਲਾਵਾ ਕੋਵਿਡ 19 ਤੋਂ ਬਚਾਅ ਲਈ ਪੰਜਾਬ ਸਰਕਾਰ ਅਤੇ ਸਿਹਤ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ।

ਇਸ ਮੌਕੇ ਸਨਅਤਕਾਰਾਂ ਵੱਲੋਂ ਲੇਬਰ ਦੀ ਮੰਗ ਸਬੰਧੀ ਡਿਪਟੀ ਕਮਿਸ਼ਨਰ ਨੇ ਆਖਿਆ ਕਿ ਰੁਜ਼ਗਾਰ ਉਤਪਤੀ ਤੇ ਟ੍ਰੇਨਿੰਗ ਵਿਭਾਗ ਵੱਲੋਂ ਸਥਾਨਕ ਇੱਛੁਕ ਲੇਬਰ ਦੀ ਰਜਿਸਟ੍ਰੇਸ਼ਨ ਕੀਤੀ ਜਾ ਰਹੀ ਹੈ, ਜਿਸ ਮਗਰੋਂ ਉਨ੍ਹਾਂ ਨੂੰ ਟ੍ਰੇਨਿੰਗ ਦੇ ਕੇ ਸਨਅਤਾਂ ਦੀ ਇਸ ਮੰਗ ਦੀ ਪੂਰਤੀ ਹੋ ਜਾਵੇਗੀ ਤੇ ਇਸ ਨਾਲ ਸਥਾਨਕ ਲੇਬਰ ਨੂੰ ਰੋਜ਼ਗਾਰ ਵੀ ਮਿਲੇਗਾ।

ਇਸ ਮੌਕੇ ਐਮਐਸਐਮਈ (ਮਾਈ¬ਕ੍ਰ'ੋ, ਸਮਾਲ ਐਂਡ ਮੀਡੀਅਮ ਐਂਟਰਪ੍ਰਾਈਜ਼ਜ਼ ) ਲੁਧਿਆਣਾ ਤੋਂ ਪੁੱਜੇ ਨੁਮਾਇੰਦਿਆਂ ਨੇ ਕੇਂਦਰ ਸਰਕਾਰ ਦੀਆਂ ਉਦਯੋਗ ਸਬੰਧੀ ਸਕੀਮਾਂ 'ਤੇ ਚਰਚਾ ਕੀਤੀ ਗਈ। ਜੀਐਮ (ਡੀਆਈਸੀ) ਬਰਨਾਲਾ ਧਰਮਪਾਲ ਭਗਤ ਵੱਲੋਂ ਸੂਬਾ ਸਰਕਾਰ ਵੱਲੋਂ ਕੀਤੇ ਜਾ ਰਹੇ ਸਨਅਤਾਂ ਪੱਖੀ ਉਪਰਾਲਿਆਂ 'ਤੇ ਵਿਚਾਰ ਸਾਂਝੇ ਕੀਤੇ ਗਏ। ਇਸ ਮੌਕੇ ਜਿੱਥੇ ਐਮਐਸਐਮਈ 'ਤੇ ਚਰਚਾ ਹੋਈ, ਉਥੇ ਸਥਾਨਕ ਸਨਅਤਕਾਰਾਂ ਦੀਆਂ ਕੋਵਿਡ 19 ਦੌਰਾਨ ਮੁਸ਼ਕਲਾਂ ਅਤੇ ਮੰਗਾਂ ਉਤੇ ਵੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਬਰਨਾਲਾ ਡਿਸਟ੍ਰਿਕ ਇੰਡਸਟਰੀਅਲ ਚੈਂਬਰ ਦੇ ਚੇਅਰਮੈਨ ਵਿਜੈ ਕੁਮਾਰ ਗਰਗ, ਪ੍ਰਧਾਨ ਰਾਜ ਕੁਮਾਰ ਗੋਇਲ, ਪੁਨੀਤ ਜੈਨ, ਆਰ ਕੇ ਗੋਇਲ, ਅਸ਼'ੋਕ ਕੁਮਾਰ, ਐਲਡੀਐਮ ਮੋਹਿੰਦਰਪਾਲ ਗਰਗ, ਸੁਬੋਧ ਜਿੰਦਲ ਤੇ ਹੋਰ ਸਨਅਤਕਾਰ ਹਾਜ਼ਰ ਸਨ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ
ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਖੇਤੀ-ਮੌਸਮ ਸਲਾਹ ਸੇਵਾਵਾਂ ਦੀ ਸ਼ੁਰੂਆਤ
* ਸੇਵਾਵਾਂ ਦਾ ਲਾਭ ਲੈਣ ਲਈ 62832-11798 ’ਤੇ ਸੰਪਰਕ ਕਰਨ ਕਿਸਾਨ

ਬਰਨਾਲਾ, 4 ਜੂਨ
ਗੁਰੂ ਅੰਗਦ ਦੇਵ ਵੈਟਰਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਅਧੀਨ ਸਥਾਪਿਤ ਕ੍ਰਿਸ਼ੀ ਵਿਗਿਆਨ ਕੇਂਦਰ, ਬਰਨਾਲਾ ਵੱਲੋਂ ਖੇਤੀ ਮੌਸਮ ਸਲਾਹ ਸੇਵਾਵਾਂ ਆਰੰਭੀਆਂ ਗਈਆਂ ਹਨ। ਇਹ ਜਾਣਕਾਰੀ ਦਿੰਦੇ ਹੋਏ ਕੇਵੀਕੇ ਬਰਨਾਲਾ ਦੇ ਐਸੋਸੀਏਟ ਡਾਇਰੈਕਟਰ (ਟ੍ਰੇਨਿੰਗ) ਡਾ. ਪ੍ਰਹਿਲਾਦ ਸਿੰਘ ਤੰਵਰ ਨੇ ਦੱਸਿਆ ਕਿ ਮੌਸਮ ਸਲਾਹ ਦਾ ਉਦੇਸ਼ ਕਿਸਾਨਾਂ ਨੂੰ ਮੌਸਮ ਦੀ ਭਵਿੱਖਬਾਣੀ ਅਤੇ ਫਸਲਾਂ ਉਤੇ ਮੌਸਮ ਦੇ ਪ੍ਰਭਾਵ ਤੋਂ ਜਾਣੂ ਕਰਵਾਉਣਾ ਹੈ।
ਡਾ. ਤੰਵਰ ਨੇ ਦੱਸਿਆ ਕਿ ਜਲਵਾਯੂ ਪਰਿਵਰਤਨ ਅਤੇ ਮੌਸਮ ਨਾਲ ਜੁੜੀਆਂ ਗਤੀਵਿਧੀਆਂ ਜਿਵੇਂ ਕਿ ਬੇਮੌਸਮੀ ਬਾਰਸ਼, ਗੜੇ, ਦਿਨ ਅਤੇ ਰਾਤ ਦੇ ਤਾਪਮਾਨ ਵਿਚ ਅਚਾਨਕ ਤਬਦੀਲੀ ਆਦਿ ਨਾਲ ਫਸਲਾਂ ਦੇ ਝਾੜ ’ਤੇ ਮਾੜਾ ਅਸਰ ਪੈਂਦਾ ਹੈ। ਫਸਲਾਂ ਨੂੰ ਮੌਸਮੀ ਨੁਕਸਾਨ ਤੋਂ ਪੂਰੀ ਤਰ੍ਹਾਂ ਬਚਾਉਣਾ ਤਾਂ ਭਾਵੇਂ ਸੰਭਵ ਨਹੀਂ, ਪਰ ਮੌਸਮ ਦੀ ਸਹੀ ਭਵਿੱਖਬਾਣੀ ਪ੍ਰਾਪਤ ਕਰ ਕੇ ਖੇਤੀ ਕਾਰਜਾਂ ਜਿਵੇਂ ਕਿ ਕੀਟਨਾਸ਼ਕ ਸਪਰੇਆਂ, ਸਿੰਜਾਈ ਆਦਿ ਲਈ ਢੁਕਵੀਂ ਵਿਉਂਤਬੰਦੀ ਕੀਤੀ ਜਾ ਸਕਦੀ ਹੈ।
ਇਸ ਦੇ ਮੱਦੇਨਜ਼ਰ ਗੁਰੂ ਅੰਗਦ ਦੇਵ ਵੈਟਰਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਵੱਲੋਂ ਖੇਤੀ ਮੌਸਮੀ ਸਲਾਹ ਸੇਵਾਵਾਂ ਕਿਸਾਨਾਂ ਤੱਕ ਪਹੁੰਚਾਉਣ ਦਾ ਹੀਲਾ ਕੀਤਾ ਗਿਆ ਹੈ, ਜਿਸ ਤਹਿਤ ਜ਼ਿਲ੍ਹਾ ਖੇਤੀ ਮੌਸਮ ਯੂਨਿਟ ਸਥਾਪਿਤ ਕੀਤਾ ਗਿਆ ਹੈ। ਕੇਵੀਕੇ ਹੰਡਿਆਇਆ ਨੇ ਬਰਨਾਲਾ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਗਾਊਂ ਮੌਸਮ ਜਾਣਕਾਰੀ ਫੋਨ, ਮੈਸਿਜ ਅਤੇ ਵਟਸਐਪ ਗਰੁੱਪਾਂ ਰਾਹੀਂ ਭੇਜਣ ਦੀ ਕਵਾਇਦ ਆਰੰਭੀ ਹੈ। ਜਿਹੜੇ ਕਿਸਾਨ ਵਟਸਐਪ ਗਰੁੱਪ ਨਾਲ ਜੁੜ ਕੇ ਇਨ੍ਹਾਂ ਸੇਵਾਵਾਂ ਦਾ ਲਾਭ ਲੈਣਾ ਚਾਹੁੰਦੇ ਹਨ, ਉਹ 62832-11798 ਸੰਪਰਕ ਨੰਬਰ ’ਤੇ ਆਪਣਾ ਨਾਮ, ਪਿੰਡ ਆਦਿ ਮੈਸੇਜ ਜਾਂ ਫੋਨ ਕਰ ਕੇ ਦਰਜ ਕਰਵਾ ਸਕਦੇ ਹਨ।